# Answers

43.


ਕਲਿ ਕਾਤੀ ਰਾਜੇ ਕਾਸਾਈ ਧਰਮੁ ਪੰਖ ਕਰਿ ਉਡਰਿਆ ॥
ਕੂੜੁ ਅਮਾਵਸਿ ਸਚੁ ਚੰਦ੍ਰਮਾ ਦੀਸੈ ਨਾਹੀ ਕਹ ਚੜਿਆ ॥
ਹਉ ਭਾਲਿ ਵਿਕੁੰਨੀ ਹੋਈ । ਆਧੇਰੈ ਰਾਹੁ ਨ ਕੋਈ ॥
ਵਿਚ ਹਉਮੈ ਕਰਿ ਦੁਖੁ ਰੋਈ । ਕਹੁ ਨਾਨਕ ਕਿਨਿ ਬਿਧਿ ਗਤਿ ਹੋਈ ।

ਵਾਰੁ ਮਾਝ ਪਉੜੀ

ਲਬੁ ਪਾਪੁ ਦੁਇ ਰਾਜਾ ਮਹਤਾ ਕੂੜੁ ਹੋਆ ਸਿਕਦਾਰੁ ॥
ਕਾਮੁ ਨੇਬੁ ਸਦਿ ਪੁਛੀਐ ਬਹਿ ਬਹਿ ਕਰੇ ਬੀਚਾਰੁ ॥
ਅੰਧੀ ਰਯਤਿ ਗਿਆਨ ਵਿਹੂਣੀ ਭਾਹਿ ਭਰਹਿ ਮੁਰਦਾਰੁ ॥
ਗਿਆਨੀ ਨਚਹਿ ਵਾਜੇ ਵਾਵਹਿ ਰੂਪ ਕਰਹਿ ਸੀਗਾਰੁ ॥
ਊਚੇ ਕੂਕਹਿ ਵਾਦਾ ਗਾਵਹਿ ਜੋਧਾ ਕਾ ਵੀਚਾਰੁ ॥

44.


ਮਾਣਸ ਖਾਣੇ ਕਰਹਿ ਨਿਵਾਜ । ਛੁਰੀ ਵਗਾਇਨ ਤਿਨ ਗਲਿ ਤਾਗ ॥
ਤਿਨ ਘਰਿ ਬ੍ਰਹਮਣ ਪੂਰਹਿ ਨਾਦ । ਉਨ੍ਹਾ ਭਿ ਆਵਹਿ ਓਈ ਸਾਦ ॥
ਕੂੜੀ ਰਾਸਿ ਕੂੜਾ ਵਾਪਾਰੁ । ਕੂੜੁ ਬੋਲਿ ਕਰਹਿ ਆਹਾਰੁ ॥
ਸਰਮ ਧਰਮ ਕਾ ਡੇਰਾ ਦੂਰਿ । ਨਾਨਕ ਕੂੜੁ ਰਹਿਆ ਭਰਪੂਰਿ ॥
ਮਥੈ ਟਿਕਾ ਤੇੜਿ ਧੋਤੀ ਕਖਾਈ । ਹਥਿ ਛੁਰੀ ਜਗਤ ਕਾਸਾਈ ॥
ਨੀਲ ਬਸਤ੍ਰ ਪਹਿਰਿ ਹੋਵਹਿ ਪਰਵਾਣੁ । ਮਲੇਛ ਧਾਨੁ ਲੇ ਪੂਜਹਿ ਪੁਰਾਣੁ ॥
ਅਭਾਖਿਆ ਕਾ ਕੁਠਾ ਬਕਰਾ ਖਾਣਾ । ਚਉਕੇ ਉਪਰਿ ਕਿਸੈ ਨ ਜਾਣਾ ॥
ਦੇ ਕੈ ਚਉਕਾ ਕਢੀ ਕਾਰ । ਉਪਰਿ ਆਇ ਬੈਠੇ ਕੂੜਿਆਰ ॥
ਮਤੁ ਭਿਟੈ ਵੇ ਮਤੁ ਭਿਟੈ । ਇਹੁ ਅੰਨੁ ਅਸਾਡਾ ਫਿਟੈ ॥
ਤਨਿ ਫਿਟੈ ਫੇੜ ਕਰੇਨਿ । ਮਨਿ ਜੂਠੈ ਚੁਲੀ ਭਰੇਨਿ ॥
ਕਹੁ ਨਾਨਕ ਸਚੁ ਧਿਆਈਐ । ਸੁਚਿ ਹੋਵੈ ਤਾਂ ਸਚੁ ਪਾਈਐ ॥ ੨ ॥

ਵਾਰ ਆਸਾ ਪਉੜੀ ੧੬ ਸਲੋਕ ॥


ਸਤੀ ਪਾਪ ਕਰਿ ਸਤ ਕਮਾਹਿ । ਗੁਰ ਦੀਖਿਆ ਘਰਿ ਦੇਵਣ ਜਾਹਿ ॥
ਇਸਤਰੀ ਪੁਰਖੈ ਖਟਿਐ ਭਾਉ । ਭਾਵੈ ਆਵਉ ਭਾਵੈ ਜਾਉ ॥
ਸਾਸਤ ਬੇਦੁ ਨ ਮਾਨੈ ਕੋਇ । ਆਪੋ ਆਪੈ ਪੂਜਾ ਹੋਇ ॥
ਕਾਜੀ ਹੋਇ ਕੈ ਬਹੈ ਨਿਆਇ । ਫੇਰੇ ਤਸਬੀ ਕਰੇ ਖੁਦਾਇ ॥
ਵਢੀ ਲੈ ਕੈ ਹਕੁ ਗਵਾਏ । ਜੇ ਕੋ ਪੁਛੈ ਤਾ ਪੜਿ ਸੁਣਾਏ ॥
ਤੁਰਕ ਮੰਤ੍ਰੁ ਕਨਿ ਰਿਦੈ ਸਮਾਹਿ । ਲੋਕ ਮੁਹਾਵਹਿ ਚਾੜੀ ਖਾਹਿ ॥
ਚਉਕਾ ਦੇ ਕੈ ਸੁਚਾ ਹੋਇ । ਐਸਾ ਹਿੰਦੂ ਵੇਖਹੁ ਕੋਇ ॥
ਜੋਗੀ ਗਿਰਹੀ ਜਟਾ ਬਿਭੂਤ । ਆਗੈ ਪਾਛੈ ਰੋਵਹਿ ਪੂਤ ॥
ਜੋਗ ਨ ਪਾਇਆ ਜੁਗਤਿ ਗਵਾਈ । ਕਿਤੁ ਕਾਰਣਿ ਸਿਰ ਛਾਈ ਪਾਈ ॥
ਨਾਨਕ ਕਲਿ ਕਾ ਏਹੁ ਪਰਵਾਣੁ । ਆਪੇ ਆਖਣੁ ਆਪੇ ਜਾਣੁ ॥ ੧ ॥

ਵਾਰ ਰਾਮਕਲੀ ਸਲੋਕ ੧ ਪਉੜੀ ੧੧ ॥